
3_Jan_Page_6_7_3-Star.qxd 03-01-02 08:57 Page 2



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

**ਮੁੱਖ ਵਾਕ ਦੀ ਕਥਾ :** 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।



ਜੀ. ਐੱਨ. ਜੀ. ਕਾਲਜ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਸਰਵਨ ਕਰਦੀਆਂ ਹੋਈਆਂ ਵਿਦਿਆਰਥਣਾਂ। ਤਸਵੀਰ : ਨਿਮਰ

# ਜੀ. ਐੱਨ. ਜੀ. ਕਾਲਜ 'ਚ ਨਵੇਂ ਸਾਲ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਨਾਲ ਹੋਈ

ਯਮੁਨਾਨਗਰ, 3 ਜਨਵਰੀ (ਗੁਰਦਿਆਲ ਸਿੰਘ ਨਿਮਰ)-ਗੁਰੂ ਨਾਨਕ ਗਰਲਜ਼ ਕਾਲਜ ਛੋਟੀ ਲਾਈਨ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਨਵੇਂ ਸਾਲ ਦੀ ਸ਼ੁਰੂਆਤ ਹੋਈ। ਇਸ ਮੌਕੇ ਮੁੱਖ ਗ੍ਰੰਥੀ ਨੇ ਗੁਰਬਾਣੀ ਕੀਰਤਨ ਰਾਹੀਂ ਸਾਰਿਆਂ ਨੂੰ ਗੁਰੂ ਦੇ ਦੱਸੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ: ਵਰਿੰਦਰ ਗਾਂਧੀ ਨੇ ਕਾਲਜ ਦੀ ਪ੍ਰਬੰਧਕੀ ਕਮੇਟੀ ਵਲੋਂ ਸਮੂਹ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਸ਼ੇਸ਼ ਦਿਨ ਦੀ ਸ਼ੁਰੂਆਤ ਕਰਨ ਲਈ ਗੁਰੂ ਸਾਹਿਬਾਨ ਦਾ ਆਸਰਾ ਲੈਣਾ ਜ਼ਰੂਰੀ ਹੈ, ਜਿਸ ਨਾਲ ਮਨ ਨੂੰ ਸ਼ਾਂਤੀ ਅਤੇ ਬਲ ਮਿਲਦਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਦੁੱਖ ਦੂਰ ਹੁੰਦੇ ਹਨ। ਇਸ ਮੌਕੇ ਕਾਲਜ ਪ੍ਰਿੰ. ਡਾ. ਅਨੂ ਅਤਰੇਜਾ, ਸੰਤ ਨਿਸ਼ਚਲ ਸਿੰਘ ਕਾਲਜ ਆਫ਼ ਐਜੂਕੇਸ਼ਨ ਫ਼ਾਰ ਵੂਮੈਨ ਦੇ ਪ੍ਰਿੰ. ਡਾ. ਅੰਜੂ ਵਾਲੀਆ, ਡਾ. ਨੀਨਾ ਗੋਇਲ, ਡਾ. ਅੰਬਿਕਾ ਕਸ਼ਯਪ, ਡਾ. ਪ੍ਰਵੀਨ ਨਾਰੰਗ, ਤਰਨਦੀਪ ਕੌਰ ਤੇ ਡਾ. ਮੀਨਾਕਸ਼ੀ ਗੁਪਤਾ ਆਦਿ ਹਾਜ਼ਰ ਸਨ।

ਅਜੀਤ ਵੈਬ ਟੀ ਵੀ
ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ

ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

# ਪ੍ਰਭਾਤ ਫੇਰੀ ਕਿਸ਼ਨਗੜ੍ਹ ਰੋਡ 'ਤੇ ਹਰਜਿੰਦਰ ਸਿੰਘ ਤੇ ਕਸ਼ਮੀਰ ਸਿੰਘ ਦੇ ਗ੍ਰਹਿ ਪੁੱਜੀ

ਸ਼ਾਹਬਾਦ ਮਾਰਕੰਡਾ, 3 ਜਨਵਰੀ (ਅਵਤਾਰ ਸਿੰਘ)-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰੋਜ਼ਾਨਾ ਅੰਮ੍ਰਿਤ ਵੇਲੇ ਇਤਿਹਾਸਕ ਗੁਰਦੁਆਰਾ ਸ੍ਰੀ ਮਸਤਗੜ੍ਹ ਸਾਹਿਬ ਤੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਸਾਹਿਬ ਤੋਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਵੱਡੀ ਗਿਣਤੀ 'ਚ ਸੰਗਤਾਂ ਸ਼ਰਧਾ ਤੇ ਉਤਸ਼ਾਹ ਨਾਲ ਹਿੱਸਾ ਲੈ ਰਹੀਆਂ ਹਨ। ਇਸੇ ਲੜੀ ਤਹਿਤ ਸੋਮਵਾਰ ਨੂੰ ਗੁਰਦੁਆਰਾ ਸ੍ਰੀ ਮਸਤਗੜ੍ਹ ਸਾਹਿਬ ਤੋਂ ਚੱਲੀ 28ਵੀਂ ਪ੍ਰਭਾਤ ਫੇਰੀ ਸ੍ਰੀ ਨਿਸ਼ਾਨ ਸਾਹਿਬ ਦੀ ਛਤਰ ਛਾਇਆ ਹੇਠ ਵੱਖ-ਵੱਖ ਗਲੀਆਂ-ਮੁਹੱਲਿਆਂ 'ਚ ਸ਼ਬਦ-ਕੀਰਤਨ ਦਾ ਗਾਇਨ ਕਰਦੇ ਹੋਏ ਕਿਸ਼ਨਗੜ੍ਹ ਰੋਡ 'ਤੇ ਸਥਿਤ ਹਰਜਿੰਦਰ ਸਿੰਘ, ਕਸ਼ਮੀਰ ਸਿੰਘ ਦੇ ਗ੍ਰਹਿ ਵਿਖੇ ਪੁੱਜੀ। ਇਸ ਮੌਕੇ ਗਿਆਨੀ ਗੁਰਪ੍ਰੀਤ ਸਿੰਘ ਵਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਉਪਰੰਤ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਸਰੂਪ ਸਿੰਘ ਦੇ ਜਥੇ ਵਲੋਂ ਸ਼ਬਦ-ਕੀਰਤਨ ਦਾ ਗਾਇਨ ਕੀਤਾ। ਇਸੇ ਦੌਰਾਨ ਸ਼ਬਦੀ ਜਥੇ ਵੀਰਾਂ ਤੇ ਬੀਬੀਆਂ ਨੇ ਗੁਰਬਾਣੀ ਦੇ ਸ਼ਬਦਾਂ ਦਾ ਗਾਇਨ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪਤਵੰਤ ਸਿੰਘ ਨੇ ਕਥਾ ਕਰਦੇ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੌਰਵਮਈ ਜੀਵਨ 'ਤੇ ਰੌਸ਼ਨੀ ਪਾਈ। ਇਸ ਮੌਕੇ ਪ੍ਰਭਾਤ ਫੇਰੀ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਸ਼ਾਹਬਾਦ ਦੇ ਵਿਧਾਇਕ ਅਤੇ ਚੇਅਰਮੈਨ ਰਾਮਕਰਨ ਕਾਲਾ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਪ੍ਰਭਾਤ ਫੇਰੀ ਦੀ ਸੇਵਾ ਕਰਨ ਵਾਲੇ ਹਰਜਿੰਦਰ ਸਿੰਘ ਤੇ ਕਸ਼ਮੀਰ ਸਿੰਘ ਨੂੰ ਸਿਰੋਪਾਓ ਅਤੇ ਮਮੈਂਟੋ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਦੂਜੇ ਪਾਸੇ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਵਲੋਂ ਕੱਢੀ ਗਈ ਪ੍ਰਭਾਤ ਫੇਰੀ ਵਰਿਆਮ ਸਿੰਘ ਦੇ ਸੱਦੇ 'ਤੇ ਗੁਰਦੁਆਰਾ ਸਾਹਿਬ ਵਿਖੇ ਹੀ ਸਜਾਈ ਗਈ, ਜਿੱਥੇ ਕਿ ਸੰਗਤਾਂ ਵਲੋਂ ਪ੍ਰਭਾਤ ਫੇਰੀ 'ਚ ਪੁੱਜੀਆਂ ਸੰਗਤਾਂ ਦਾ ਫੁੱਲਾਂ ਦੀ ਵਰਖਾ ਤੇ ਜੈਕਾਰਿਆਂ ਦੀ ਗੂੰਜ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਜਾਏ ਦੀਵਾਨ 'ਚ ਛੋਟੇ ਬੱਚਿਆਂ ਤੋਂ ਇਲਾਵਾ ਸ਼ਬਦੀ ਜਥੇ ਦੇ ਵੀਰਾਂ ਤੇ ਬੀਬੀਆਂ ਦੇ ਜਥੇ ਨੇ ਵੀ ਸ਼ਬਦਾਂ ਦਾ ਗਾਇਨ ਕੀਤਾ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਗਿਆਨੀ ਸ਼ੁਬੇਗ ਸਿੰਘ ਨੇ ਕਥਾ ਕਰਦੇ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ 'ਤੇ ਰੌਸ਼ਨੀ ਪਾਈ। ਸ਼ਾਹਬਾਦ ਦੇ ਵਿਧਾਇਕ ਅਤੇ ਚੇਅਰਮੈਨ ਰਾਮਕਰਨ ਕਾਲਾ ਅਤੇ ਗੁਰਦੁਆਰਾ ਦੀ ਪ੍ਰਬੰਧਕ ਕਮੇਟੀ ਵਲੋਂ ਪ੍ਰਭਾਤ ਫੇਰੀ ਦੇ ਸੇਵਾਦਾਰ ਵਰਿਆਮ ਸਿੰਘ ਨੂੰ ਮਮੈਂਟੋ ਭੇਟ ਕਰਕੇ ਸਨਮਾਨਿਤ ਕੀਤਾ।



ਗੁਰਦੁਆਰਾ ਸਾਹਿਬ ਦੇ ਆਗੂ ਪ੍ਰਭਾਤ ਫੇਰੀ ਦੇ ਪ੍ਰਬੰਧਕ ਵਰਿਆਮ ਸਿੰਘ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ : ਅਵਤਾਰ ਸਿੰਘ

# ਖ਼ਾਲਸਾਈ ਆਨ-ਬਾਨ ਤੇ ਸ਼ਾਨ ਨਾਲ ਨਗਰ ਕੀਰਤਨ ਸਜਾਇਆ

ਯਮੁਨਾਨਗਰ, 3 ਜਨਵਰੀ (ਗੁਰਦਿਆਲ ਸਿੰਘ ਨਿਮਰ)-ਯਮੁਨਾਨਗਰ ਸ਼ਹਿਰ ਇਤਿਹਾਸਕ ਤੇ ਪੁਰਾਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਯਮੁਨਾਨਗਰ ਦੀ ਪ੍ਰਬੰਧਕ ਕਮੇਟੀ ਨੇ ਨਗਰ ਦੀਆਂ ਸੰਗਤਾਂ ਦੇ ਭਰਪੂਰ ਸਹਿਯੋਗ ਨਾਲ ਸ਼ਾਨਦਾਰ ਨਗਰ ਕੀਰਤਨ ਸ੍ਰੀ ਗੁਰੂ ਗੋਬਿੰਦ ਜੀ ਦੇ ਗੁਰਪੁਰਬ ਨੂੰ ਸਮਰਪਿਤ ਖਾਲਸਾਈ ਜਾਹੋ-ਜਲਾਲ ਨਾਲ ਸਜਾਇਆ ਗਿਆ। ਯਮੁਨਾਨਗਰ ਸ਼ਹਿਰ ਤੇ ਆਸਪਾਸ ਦੀਆਂ ਸੰਗਤਾਂ ਇਸ ਨਗਰ ਕੀਰਤਨ ਵਿਚ ਹੁੰਮ-ਹੁੰਮਾ ਕੇ ਪਹੁੰਚੀਆਂ। ਪਾਈਪ ਬੈਂਡ ਤੇ ਗਤਕੇ ਦੀਆਂ ਟੀਮਾਂ ਨੇ ਜਗ੍ਹਾ-ਜਗ੍ਹਾ 'ਤੇ ਆਪਣੇ ਜੌਹਰ ਦਿਖਾਏ। ਪੰਜ ਪਿਆਰਿਆਂ ਦੀ ਅਗਵਾਈ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਇਹ ਨਗਰ ਕੀਰਤਨ ਜਮੁਨਾ ਗਲੀ ਤੋਂ ਚੱਲ ਕੇ ਗੁਰਦਆਰਾ ਮਾਡਲ ਕਾਲੋਨੀ ਵਿਖੇ ਪਹੁੰਚਿਆਂ ਜਿਥੇ ਪੰਜ ਪਿਆਰਿਆਂ ਤੇ ਸੇਵਾਦਾਰਾਂ ਦਾ ਪ੍ਰਬੰਧਕਾਂ ਵਲੋਂ ਸਨਮਾਨ ਕੀਤਾ ਗਿਆ। ਸੰਗਤਾਂ ਨੂੰ ਗੁਰੂ ਕਾ ਲੰਗਰ ਤੇ ਸੇਵਾਦਾਰਾਂ ਨੂੰ ਮਾਣ ਸਨਮਾਨ ਦਿੱਤਾ ਗਿਆ।

# ਕੋਵਿਡ ਨਿਯਮਾਂ ਦੀ ਪ੍ਰਵਾਹ ਕੀਤੇ ਬਿਨਾਂ ਆਂਗਣਵਾੜੀ ਵਰਕਰਾਂ ਦਾ ਧਰਨਾ ਜਾਰੀ

ਸਿਰਸਾ, 3 ਜਨਵਰੀ (ਭੁਪਿੰਦਰ ਪੰਨੀਵਾਲੀਆ)-ਜਿੱਥੇ ਕੋਵਿਡ ਨਿਯਮਾਂ ਦੀ ਪਾਲਨਾ ਕਰਵਾਉਣ ਲਈ ਸਰਕਾਰ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਉੱਥੇ ਹੀ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਨੱਕ ਹੇਠ ਪਿਛਲੇ 27 ਦਿਨਾਂ ਤੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਧਰਨਾ ਜਾਰੀ ਹੈ। ਧਰਨੇ 'ਚ ਵੱਡੀ ਗਿਣਤੀ 'ਚ ਆਂਗਣਵਾੜੀ ਵਰਕਰ ਤੇ ਹੈਲਪਰ ਸ਼ਮੂਲਿਅਤ ਕਰ ਰਹੀਆਂ ਹਨ। ਆਂਗਣਵਾੜੀ ਵਰਕਰ ਸਰਕਾਰੀ ਕਰਮਚਾਰੀ ਦਰਜੇ ਦੀ ਮੰਗ ਕਰ ਰਹੀਆਂ ਹਨ। ਜ਼ਿਲ੍ਹੇ ਵਿਚ ਭਾਵੇਂ ਹਾਲੇ ਓਮੀਕਰੋਨ ਦਾ ਕੋਈ ਕੇਸ ਨਹੀਂ ਆਇਆ ਹੈ, ਪਰ ਕੋਵਿਡ ਨੇਮਾਂ ਦੀ ਪਾਲਣਾ ਕਰਵਾਉਣ ਲਈ ਸਰਕਾਰ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਮਿੰਨੀ ਸਕੱਤਰੇਤ ਦੇ ਅੰਦਰ ਦਾਖ਼ਲ ਹੋਣ ਵਾਲੇ ਵਿਅਕਤੀਆਂ ਦੇ ਮਾਸਕ ਤੇ ਵੈਕਸੀਨ ਚੈੱਕ ਕਰਨ ਲਈ ਪੁਲੀਸ ਨੂੰ ਤਾਇਨਾਤ ਕੀਤਾ ਗਿਆ ਹੈ ਤੇ ਐੱਸ.ਡੀ.ਐੱਮ. ਜੈਵੀਰ ਯਾਦਵ ਵਲੋਂ ਬਾਜ਼ਾਰਾਂ ਵਿਚ ਮਾਸਕ ਨਾ ਲਾਉਣ ਵਾਲਿਆਂ ਦੇ ਚਾਲਾਨ ਕੀਤੇ ਜਾ ਰਹੇ ਹਨ। ਪੈਟਰੋਲ ਪੰਪਾਂ ਤੋਂ ਮਾਸਕ ਨਾ ਪਾਉਣ ਵਾਲਿਆਂ ਨੂੰ ਤੇਲ ਨਹੀਂ ਦਿੱਤਾ ਜਾ ਰਿਹਾ ਤਾਂ ਦੂਜੇ ਪਾਸੇ ਆਂਗਣਵਾੜੀ ਵਰਕਰ ਤੇ ਹੈਲਪਰ ਆਪਣੀਆਂ ਮੰਗਾਂ ਨੂੰ ਲੈ ਕੇ ਵੱਡੀ ਗਿਣਤੀ 'ਚ ਮਿੰਨੀ ਸਕੱਤਰੇਤ ਦੇ ਬਾਹਰ ਧਰਨਾ ਦੇ ਰਹੀਆਂ ਹਨ। ਆਂਗਣਵਾੜੀ ਵਰਕਰਾਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਸਰਕਾਰੀ ਕਰਮਚਾਰੀ ਦਾ ਦਰਜਾ ਦਿੱਤਾ ਜਾਏ। ਜਦੋਂ ਤੱਕ ਸਰਕਾਰੀ ਕਰਮਚਾਰੀ ਦਾ ਦਰਜਾ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਆਂਗਣਵਾੜੀ ਵਰਕਰ ਨੂੰ 24 ਹਜ਼ਾਰ ਰੁਪਏ ਮਹੀਨਾ ਤੇ ਹੈਲਪਰ ਨੂੰ 16 ਹਜ਼ਾਰ ਰੁਪਏ ਮਹੀਨਾ ਤਨਖਾਹ ਦਿੱਤੀ ਜਾਏ। ਆਂਗਣਵਾੜੀ ਵਰਕਰ ਯੂਨੀਅਨ ਦੇ ਆਗੂਆਂ ਦਾ ਕਹਿਣਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਨ੍ਹਾਂ ਦਾ ਇਹ ਸੰਘਰਸ਼ ਜਾਰੀ ਰਹੇਗਾ।



ਸਿਰਸਾ ਦੇ ਮਿੰਨੀ ਸਕੱਤਰੇਤ ਦੇ ਬਾਹਰ ਧਰਨੇ 'ਤੇ ਬੈਠੀਆਂ ਆਂਗਣਵਾੜੀ ਵਰਕਰ ਤੇ ਹੈਲਪਰ। ਤਸਵੀਰ : ਪੰਨੀਵਾਲੀਆ



ਧਰਨਾ ਦਿੰਦੇ ਹੋਏ ਆਂਗਣਵਾੜੀ ਵਰਕਰ ਤੇ ਹੈਲਪਰ। ਤਸਵੀਰ : ਗੁਰਮੀਤ ਸਿੰਘ ਸੱਗੂ

# ਆਂਗਣਵਾੜੀ ਵਰਕਰ ਤੇ ਹੈਲਪਰ ਯੂਨੀਅਨ ਦੀ ਸੀ. ਐੱਮ. ਸਿਟੀ ਵਿਖੇ 5 ਨੂੰ ਹੋਣ ਵਾਲੀ ਰੈਲੀ ਇਤਿਹਾਸਕ ਹੋਵੇਗੀ- ਯੂਨੀਅਨ

ਕਰਨਾਲ, 3 ਜਨਵਰੀ (ਗੁਰਮੀਤ ਸਿੰਘ ਸੱਗੂ)-ਆਂਗਣਵਾੜੀ ਵਰਕਰ ਤੇ ਹੈਲਪਰ ਯੂਨੀਅਨ ਦੀ 5 ਜਨਵਰੀ ਨੂੰ ਸੀ. ਐੱਮ. ਸਿਟੀ ਹਰਿਆਣਾ ਕਰਨਾਲ ਵਿਖੇ ਹੋਣ ਵਾਲੀ ਰੈਲੀ ਇਤਿਹਾਸਕ ਹੋਵੇਗੀ। ਇਹ ਦਾਅਵਾ ਇੱਥੇ ਡੀ. ਸੀ. ਦਫ਼ਤਰ ਦੇ ਬਾਹਰ ਪਿਛਲੇ 27 ਦਿਨਾਂ ਤੋਂ ਲਗਾਤਾਰ ਜਾਰੀ ਧਰਨੇ ਦੌਰਾਨ ਬੁਲਾਰਿਆਂ ਨੇ ਕੀਤਾ। ਇਸ ਧਰਨੇ ਦੌਰਾਨ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਸੀਟੂ ਦੇ ਸੂਬਾਈ ਜਨਰਲ ਸਕਤਰ ਜੈ ਭਗਵਾਨ, ਜ਼ਿਲ੍ਹਾ ਪ੍ਰਧਾਨ ਸਤਪਾਲ ਸੈਣੀ, ਮੀਤ ਪ੍ਰਧਾਨ ਓ. ਪੀ. ਮਾਟਾ ਤੇ ਸਕੱਤਰ ਜਗਪਾਲ ਰਾਣਾ ਨੇ ਕਿਹਾ ਕਿ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਵਲੋਂ ਜੋ ਐਲਾਨ ਕੀਤੇ ਗਏ ਹਨ ਉਸ ਨਾਲ ਵਰਕਰ ਤੇ ਹੈਲਪਰ ਕਿਸੇ ਤਰ੍ਹਾਂ ਵੀ ਖ਼ੁਸ਼ ਨਹੀਂ ਹਨ। ਇਸ ਲਈ ਤਾਲਮੇਲ ਕਮੇਟੀ ਨੇ ਹੜਤਾਲ ਨੂੰ ਜਾਰੀ ਰੱਖਦੇ ਹੋਏ ਆਗਾਮੀ 5 ਜਨਵਰੀ ਨੂੰ ਕਰਨਾਲ ਵਿਖੇ ਰੈਲੀ ਕਰਨ ਦਾ ਐਲਾਨ ਕੀਤਾ ਹੈ। ਇਸ ਮੌਕੇ ਰੂਪਾ ਰਾਣਾ, ਸੁਮਨ, ਰੀਨਾ, ਬਿਜਨੇਸ਼ ਰਾਣਾ, ਸੁਸ਼ਮਾ, ਸਰੋਜ ਰਤਨਗੜ੍ਹ, ਉਸ਼ਾ ਸੈਣੀ, ਰੇਖਾ, ਸ਼ਾਲਿਨੀ, ਨਰੇਸ਼, ਸਮੀਮ, ਜੋਗਾ ਸਿੰਘ, ਸੁਸ਼ੀਲ ਗੁਜਰ, ਰੇਖਾ, ਗੀਤਾ, ਬਬੀਤਾ ਤੇ ਰਾਜਬਾਲਾ ਆਦਿ ਆਗੂ ਮੌਜੂਦ ਸਨ।

## ਪੰਜਾਬ ਪੁਲਿਸ ਪੈਨਸ਼ਨਰਜ਼ ਕਰਮਚਾਰੀ ਐਸੋਸੀਏਸ਼ਨ ਦੀ ਮੀਟਿੰਗ

ਕੋਟਕਪੂਰਾ, 3 ਜਨਵਰੀ (ਮੋਹਰ ਸਿੰਘ ਗਿੱਲ)- ਪੰਜਾਬ ਪੁਲਿਸ ਪੈਨਸ਼ਨਰਜ ਕਰਮਚਾਰੀ ਐਸੋਸੀਏਸ਼ਨ ਬਲਾਕ ਕੋਟਕਪੂਰਾ ਦੀ ਮਹੀਨਾਵਾਰੀ ਮੀਟਿੰਗ ਸੇਵਾ-ਮੁਕਤ ਇੰਸਪੈਕਟਰ ਮਹਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਬਹੁਗਿਣਤੀ ਪੈਨਸ਼ਨਰਾਂ ਨੇ ਹਿੱਸਾ ਲਿਆ। ਸੁਪਰਡੈਂਟ ਹਰਚਰਨ ਸਿੰਘ ਹੱਲਣ ਨੇ ਦੱਸਿਆ ਕਿ ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਆਪਣੇ ਸੰਬੋਧਨ ਦੌਰਾਨ ਬੁਲਾਰਿਆਂ ਨੇ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਨੁਕਤਾਚੀਨੀ ਕਰਦਿਆਂ ਦੱਸਿਆ ਕਿ ਸਰਕਾਰ ਆਪਣੇ ਭਾਸ਼ਣਾਂ ਵਿਚ ਵਾਅਦੇ ਤਾਂ ਬਹੁਤ ਕਰਦੀ ਹੈ, ਪਰ ਧਰਾਤਲੀ ਪੱਧਰ 'ਤੇ ਕੁਝ ਵੀ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਪਹਿਲਾਂ ਅਕਾਲੀ-ਭਾਜਪਾ ਗਠਜੋੜ ਸਰਕਾਰ, ਫਿਰ ਕੈਪਟਨ ਤੇ ਹੁਣ ਚੰਨੀ ਸਰਕਾਰਾਂ ਲਗਾਤਾਰ ਝੂਠੇ ਵਾਅਦੇ ਕਰਦੀਆਂ ਰਹੀਆਂ ਪਰ ਕਿਸੇ ਨੇ ਪੱਲੇ ਕੁਝ ਵੀ ਨਹੀਂ ਪਾਇਆ। ਉਨ੍ਹਾਂ ਆਖਿਆ ਕਿ ਪੈਨਸ਼ਨਰਾਂ ਦੀ ਪੈਨਸ਼ਨ ਵਧਣ ਨਾਲ ਬੁਢਾਪੇ ਵਿਚ ਸਹਾਰਾ ਮਿਲਣਾ ਸੁਭਾਵਿਕ ਸੀ, ਪਰ 2021 ਰੁਖਸਤ ਹੋ ਗਿਆ, ਚੋਣ ਜ਼ਾਬਤਾ ਲੱਗਣ ਦਾ ਸਮਾਂ ਸਿਰ 'ਤੇ ਹੈ ਪਰ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਜਿਉਂ ਦੀਆਂ ਤਿਉਂ ਹਨ।

## 7 ਦੀ ਜੈਤੋ ਰੈਲੀ ਕਾਂਗਰਸ ਸਰਕਾਰ ਦਾ ਮੁੱਢ ਬੰਨ੍ਹੇਗੀ-ਢਿੱਲਵਾਂ

ਬਾਜਾਖਾਨਾ, 3 ਜਨਵਰੀ (ਜਗਦੀਪ ਸਿੰਘ ਗਿੱਲ)-ਕਾਂਗਰਸ ਪਾਰਟੀ ਦੀ 7 ਜਨਵਰੀ ਦੀ ਜੈਤੋ ਰੈਲੀ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਦਾ ਮੁੱਢ ਬੰਨ੍ਹੇਗੀ। ਇਹ ਵਿਚਾਰ ਦਰਸ਼ਨ ਸਿੰਘ ਢਿੱਲਵਾਂ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬਰਗਾੜੀ ਜ਼ੋਨ ਨੇ ਬਾਜਾਖਾਨਾ ਵਿਖੇ ਸਰਪੰਚਾਂ-ਪੰਚਾਂ ਤੇ ਕਾਂਗਰਸੀ ਆਗੂਆਂ ਨਾਲ ਮੀਟਿੰਗ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਹਲਕਾ ਜੈਤੋ ਦੇ ਕਾਂਗਰਸੀ ਆਗੂ ਤੇ ਵਰਕਰ ਹਮੇਸ਼ਾ ਹੀ ਇੱਕਠ ਕਰਨ ਲਈ ਆਮ ਹਲਕਿਆਂ ਤੋਂ ਅੱਗੇ ਰਹੇ ਹਨ ਤੇ ਇਸ ਰੈਲੀ ਨੂੰ ਜੈਤੋ ਦਾਣਾ ਮੰਡੀ ਵਿਖੇ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸੰਬੋਧਨ ਕਰਨਗੇ ਤੇ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ 2022 ਦੀਆਂ ਚੋਣਾਂ ਲਈ ਇਹ ਰੈਲੀ ਪੂਰਾ ਬਲ ਬਖਸ਼ੇਗੀ ਤੇ ਫ਼ਰੀਦਕੋਟ ਦੀਆਂ ਤਿੰਨੇ ਸੀਟਾਂ ਕਾਂਗਰਸ ਪਾਰਟੀ ਪੂਰੀ ਸ਼ਾਨ ਨਾਲ ਜਿੱਤੇਗੀ ਅਤੇ ਵਿਰੋਧੀਆਂ ਨੂੰ ਵੱਡੀ ਹਾਰ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਛਿੰਦਰ ਸਿੰਘ ਸਾਬਕਾ ਸਰਪੰਚ, ਲਛਮਨ ਸਿੰਘ ਗਿੱਲ ਸਾਬਕਾ ਸਰਪੰਚ, ਸਤਪਾਲ ਨੇਤਾ, ਦਰਸ਼ਨ ਸ਼ਰਮਾ, ਜਗਦੀਪ ਸਿੰਘ ਲੰਭਵਾਲੀ, ਜਸਵਿੰਦਰ ਸਿੰਘ, ਦੇਵ ਕੁਮਾਰ, ਟਿੱਲਾ ਸ਼ਰਮਾ ਆਦਿ ਹਾਜ਼ਰ ਸਨ।



ਡੱਬਵਾਲੀ ਵਿਖੇ ਐੱਸ. ਡੀ. ਐੱਮ. ਦਫ਼ਤਰ ਅੱਗੇ ਆਰ. ਟੀ. ਓ. ਖਿਲਾਫ਼ ਧਰਨੇ 'ਤੇ ਬੈਠੇ ਟੈਕਸੀ ਚਾਲਕਾਂ ਨਾਲ ਗੱਲਬਾਤ ਕਰਦੇ ਐੱਸ. ਡੀ. ਐੱਮ. ਰਾਜੇਸ਼ ਯਾਦਵ। ਤਸਵੀਰ : ਇਕਬਾਲ ਸਿੰਘ ਸ਼ਾਂਤ

# ਆਰ. ਟੀ. ਓ. ਦੀ ਸਖ਼ਤੀ ਖ਼ਿਲਾਫ਼ ਟੈਕਸੀ ਚਾਲਕਾਂ ਵਲੋਂ ਮੁਜ਼ਾਹਰਾ

ਡੱਬਵਾਲੀ, 3 ਜਨਵਰੀ (ਇਕਬਾਲ ਸਿੰਘ ਸ਼ਾਂਤ)-ਸਰਹੱਦੀ ਸ਼ਹਿਰ 'ਚ ਟੈਕਸੀ ਆਪ੍ਰੇਟਰ ਆਰ. ਟੀ. ਓ. ਸਿਰਸਾ ਦੇ ਸਖ਼ਤ ਰਵੱਈਏ ਖਿਲਾਫ਼ ਜ਼ੋਰਦਾਰ ਰੋਸ ਮੁਜਾਹਰਾ ਕੱਢਿਆ ਤੇ ਐੱਸ.ਡੀ.ਐੱਮ. ਦਫ਼ਤਰ ਮੂਹਰੇ ਧਰਨਾ ਲਗਾ ਦਿੱਤਾ। ਟੈਕਸੀ ਯੂਨੀਅਨ ਦੀ ਹਮਾਇਤ 'ਚ ਇਨੈਲੋ ਦੇ ਸੀਨੀਅਰ ਆਗੂ ਰਵੀ ਚੌਟਾਲਾ ਵੀ ਧਰਨੇ 'ਚ ਸ਼ਾਮਿਲ ਹੋਏ। ਟੈਕਸੀ ਯੂਨੀਅਨ ਡੱਬਵਾਲੀ ਦੇ ਮੈਂਬਰਾਂ ਦਾ ਕਹਿਣਾ ਸੀ ਕਿ ਸਰਹੱਦੀ ਸ਼ਹਿਰ ਡੱਬਵਾਲੀ ਦੇ ਟੈਕਸੀ ਜਰੀਏ ਆਪਣੀਆਂ ਟੈਕਸੀਆਂ ਚਲਾਉਂਦੇ ਹਨ। ਉਨ੍ਹਾਂ ਕੋਲ ਵੱਖ-ਵੱਖ ਸੂਬਿਆਂ ਦੇ ਗੱਡੀ ਨੰਬਰ ਹਨ। ਉਹ ਰੋਜ਼ਾਨਾ ਦੇ ਹਿਸਾਬ ਨਾਲ ਟੈਕਸ ਭਰਦੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਆਰ.ਟੀ.ਓ. ਵਲੋਂ ਨਾਜਾਇਜ਼ ਤੰਗ ਪਰੇਸ਼ਾਨ ਕੀਤੇ ਜਾਣ ਕਰਕੇ ਉਹ ਆਪਣੇ ਨਿੱਜੀ ਕੰਮ ਲਈ ਟੈਕਸੀ ਨੂੰ ਸ਼ਹਿਰ 'ਚ ਨਹੀਂ ਲਿਜਾ ਸਕਦੇ। ਸ਼ਹਿਰ 'ਚ ਵਿਖਣ 'ਤੇ ਭਾਰੀ ਰਕਮ ਦੇ ਚਲਾਨ ਕਰ ਦਿੱਤੇ ਜਾਂਦੇ ਹਨ। ਡੱਬਬਾਲੀ ਸਰਹੱਦੀ ਖੇਤਰ ਹੋਣ ਕਰਕੇ ਉਨ੍ਹਾਂ ਨੂੰ ਰੁਜ਼ਗਾਰ ਲਈ ਕਰੀਬ 15 ਕਿਲੋਮੀਟਰ ਤੱਕ ਡੱਬਬਾਲੀ ਆਉਣਾ-ਜਾਣਾ ਪੈਂਦਾ ਹੈ। ਜਦੋਂ ਵੀ ਉਹ ਪਿੰਡਾਂ ਤੋਂ ਡੱਬਬਾਲੀ ਸ਼ਹਿਰ 'ਚ ਖਾਲੀ ਆਉਂਦੇ-ਜਾਂਦੇ ਹਾਂ ਤਾਂ ਆਰਟੀ.ਓ ਰੋਕ ਕਰ ਚਲਾਣ ਕੱਟ ਦਿੰਦਾ ਹੈ। ਐੱਸ.ਡੀ.ਐੱਮ. ਰਾਜੇਸ਼ ਕੁਮਾਰ ਨੇ ਟੈਕਸੀ ਯੂਨੀਅਨ ਦੇ ਪੰਜ ਮੈਂਬਰ ਤੇ ਆਰ. ਟੀ. ਓ. ਸਿਰਸਾ ਦੀ ਕੱਲ੍ਹ ਉਨ੍ਹਾਂ ਦੇ ਦਫ਼ਤਰ ਮੀਟਿੰਗ ਕਰਵਾ ਕੇ ਮਸਲਾ ਹੱਲ ਕਰਵਾਉਣ ਦਾ ਵਿਸ਼ਵਾਸ ਦਿਵਾਇਆ। ਜਿਸ 'ਤੇ ਟੈਕਸੀ ਯੂਨੀਅਨ ਨੇ ਧਰਨਾ-ਸੰਘਰਸ਼ ਮੁਲਤਵੀ ਕਰ ਦਿੱਤਾ।



ਨਾਰਾਇਣਗੜ੍ਹ ਦੀ ਮਿੰਨੀ ਸਕੱਤਰੇਤ ਅੱਗੇ ਲੋਕਾਂ ਦੀ ਚੈੱਕਿੰਗ ਕਰਦੇ ਹੋਏ ਐੱਸ. ਡੀ. ਐੱਮ. ਨੀਰਜ। ਤਸਵੀਰ: ਪੀ. ਸਿੰਘ

# ਮਿੰਨੀ ਸਕੱਤਰੇਤ 'ਚ ਬਿਨਾਂ ਮਾਸਕ ਦਾਖ਼ਲਾ ਬੰਦ- ਐੱਸ. ਡੀ. ਐੱਮ. ਨੀਰਜ

ਨਰਾਇਣਗੜ੍ਹ, 3 ਜਨਵਰੀ (ਪੀ. ਸਿੰਘ)-ਨਰਾਇਣਗੜ੍ਹ ਦੀ ਮਿੰਨੀ ਸਕੱਤਰੇਤ 'ਚ ਬਿਨਾਂ ਮਾਸਕ ਤੇ ਵੈਕਸੀਨੇਸ਼ਨ ਦੀ ਦੋਵੇਂ ਖ਼ੁਰਾਕ ਦੇ ਆਉਣ ਵਾਲੇ ਲੋਕਾਂ 'ਤੇ ਪੂਰੀ ਤਰ੍ਹਾਂ ਨਾਲ ਪਾਬੰਦੀ ਲੱਗਾ ਦਿੱਤੀ ਗਈ। ਖ਼ੁਦ ਐੱਸ. ਡੀ. ਐੱਮ. ਨੀਰਜ ਨੇ ਮਿੰਨੀ ਸਕੱਤਰੇਤ ਸਾਹਮਣੇ ਬਣੇ ਮੁੱਖ ਗੇਟ 'ਤੇ ਲੋਕਾਂ ਦੀ ਚੈੱਕਿੰਗ ਕੀਤੀ ਤੇ ਪੁਲਿਸ ਕਰਮਚਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਐੱਸ. ਐੱਚ. ਓ. ਵਿਜੈ ਵੀ ਹਾਜ਼ਰ ਸਨ। ਐੱਸ. ਡੀ. ਐੱਮ. ਦਾ ਕਹਿਣਾ ਸੀ ਕਿ ਓਮੀਕ੍ਰੋਨ ਦੇ ਵਧਦੇ ਮਾਮਲਿਆਂ ਦੇ ਮੱਦੇਨਜ਼ਰ ਹਰਿਆਣਾ ਸਰਕਾਰ ਵਲੋਂ ਸਰਕਾਰੀ ਦਫ਼ਤਰਾਂ ਤੇ ਸਰਵਜਨਕ ਥਾਵਾਂ 'ਤੇ ਬਿਨਾਂ ਮਾਸਕ ਤੇ ਵੈਕਸੀਨੇਸ਼ਨ ਦੀ ਦੋਵੇਂ ਡੋਜ਼ ਬਿਨਾਂ ਆਉਣ ਤੇ ਪੂਰੀ ਤਰ੍ਹਾਂ ਨਾਲ ਮਨਾਹੀ ਕਰ ਦਿੱਤੀ ਹੈ, ਜਿਸ ਦੇ ਮੱਦੇਨਜ਼ਰ ਹੁਣ ਨਿਯਮਾਂ ਦਾ ਪਾਲਣ ਨਾ ਕਰਨ ਵਾਲਿਆਂ ਖ਼ਿਲਾਫ਼ ਜਿੱਥੇ ਸਖ਼ਤੀ ਕੀਤੀ ਜਾਵੇਗੀ, ਉੱਥੇ ਹੀ ਬਿਨਾਂ ਮਾਸਕ ਜਾਂ ਦੋਵੇਂ ਖ਼ੁਰਾਕਾਂ ਦੇ ਕੋਈ ਵੀ ਮਿੰਨੀ ਸਕੱਤਰੇਤ 'ਚ ਆ ਨਹੀਂ' ਸਕੇਗਾ। ਉਨ੍ਹਾਂ ਦਾ ਕਹਿਣਾ ਸੀ ਕਿ ਸ਼ਹਿਰ ਦੇ ਲੋਕਾਂ ਨੂੰ ਅਪੀਲ ਹੈ ਕਿ ਉਹ ਸਰਕਾਰ ਦੀਆਂ ਹਿਦਾਇਤਾਂ ਦਾ ਪਾਲਣ ਕਰਨ ਅਤੇ ਬਿਨਾਂ ਮਾਸਕ ਆਪਣੇ ਘਰਾਂ 'ਚੋਂ ਬਾਹਰ ਨਾ ਨਿਕਲਣ। ਉਨ੍ਹਾਂ ਦਾ ਕਹਿਣਾ ਸੀ ਕਿ ਜਿਹੜਾ ਨਿਯਮਾਂ ਦੀ ਪਾਲਣਾ ਨਹੀਂ ਕਰੇਗਾ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਦੋ ਭਰਾਵਾਂ ਸਮੇਤ ਪੰਜ ਜਣਿਆਂ ਖ਼ਿਲਾਫ਼ ਮਾਮਲਾ ਦਰਜ

ਅਬੋਹਰ, 3 ਜਨਵਰੀ (ਸੁਖਜੀਤ ਸਿੰਘ ਬਰਾੜ)-ਥਾਣਾ ਬਹਾਵਵਾਲਾ ਪੁਲਿਸ ਨੇ ਬੀਤੇ ਦਿਨੀਂ ਪਿੰਡ ਨਰੈਣਪੁਰਾ ਵਿਖੇ ਹੋਏ ਝਗੜੇ ਦੇ ਸਬੰਧ ਵਿਚ ਦੋ ਭਰਾਵਾਂ ਸਣੇ ਪੰਜ ਜਣਿਆਂ ਦੇ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਥਾਣਾ ਪੁਲਿਸ ਤੋਂ ਮਿਲੀ ਜਾਣਕਾਰੀ ਮੁਤਾਬਿਕ ਮਹਿੰਦਰ ਕੁਮਾਰ ਪੁੱਤਰ ਹੇਤ ਰਾਮ ਵਾਸੀ ਪਿੰਡ ਨਰੈਣਪੁਰਾ ਨੇ ਆਪਣੇ ਬਿਆਨਾਂ ਰਾਹੀ ਦੱਸਿਆ ਕਿ 29 ਦਸੰਬਰ ਨੂੰ ਪਿੰਡ ਵਾਸੀ ਸੁਨੀਲ ਕੁਮਾਰ 'ਤੇ ਸੁਭਾਸ਼ ਚੰਦਰ ਪੁੱਤਰਾਨ ਭੂਪ ਸਿੰਘ ਵਗ਼ੈਰਾ ਨੇ ਹਮਮਸ਼ਵਰਾ ਹੋ ਕੇ ਖੇਤਾਂ ਵਿਚ ਆ ਕਥਿਤ ਤੌਰ 'ਤੇ ਮੇਰੀ 'ਤੇ ਸੁਲਤਾਨ ਦੀ ਕਥਿਤ ਤੌਰ 'ਤੇ ਕੁੱਟਮਾਰ ਕਰ ਕੇ ਸੱਟਾਂ ਮਾਰੀਆਂ ਤੇ ਖੇਤ ਦਾ ਨੁਕਸਾਨ ਵੀ ਕੀਤਾ। ਥਾਣਾ ਪੁਲਿਸ ਵਲੋਂ ਪੜਤਾਲ ਉਪਰੰਤ ਮਹਿੰਦਰ ਕੁਮਾਰ ਦੇ ਬਿਆਨਾਂ 'ਤੇ ਸੁਨੀਲ ਕੁਮਾਰ ਅਤੇ ਸੁਭਾਸ਼ ਚੰਦਰ ਪੁੱਤਰਾਨ ਭੂਪ ਰਾਮ, ਇੰਦਰ ਪਾਲ ਪੁੱਤਰ ਹਨੂਮਾਨ ਸਿੰਘ, ਪੰਕਜ ਕੁਮਾਰ ਪੁੱਤਰ ਰਾਮ ਸਿੰਘ, ਕ੍ਰਿਸ਼ਨਾ ਦੇਵੀ ਪਤਨੀ ਭੂਪ ਰਾਮ ਸਾਰੇ ਵਾਸੀ ਨਰੈਣਪੁਰਾ ਦੇ ਖ਼ਿਲਾਫ਼ ਧਾਰਾ 341, 323, 427, 148, 149 ਦੇ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਜਦੋਂ ਕਿ ਥਾਣਾ ਪੁਲਿਸ ਅਨੁਸਾਰ ਇਹ ਕਥਿਤ ਦੋਸ਼ੀ ਹਾਲੇ ਫ਼ਰਾਰ ਹਨ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਲੋਂ ਉਸਾਰੇ ਜਾ ਰਹੇ ਸ਼ਹੀਦ ਦੀਪ ਸਿੰਘ ਨਿਵਾਸ ਦਾ ਨੀਂਹ ਪੱਥਰ ਰੱਖਦੇ ਹੋਏ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਭਾਈ ਮੰਗਲ ਸਿੰਘ, ਭਾਈ ਸ੍ਰੀ ਪਾਲ ਸਿੰਘ ਤੇ ਇਲਾਕੇ ਦੀਆਂ ਸੰਗਤਾਂ। ਤਸਵੀਰਾਂ-ਪ੍ਰਦੀਪ ਕੁਮਾਰ

# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਸ਼ਹੀਦ ਦੀਪ ਸਿੰਘ ਨਿਵਾਸ ਦਾ ਰੱਖਿਆ ਨੀਂਹ ਪੱਥਰ

**ਯੋਗ ਕਮੇਟੀਆਂ ਹੀ ਸੰਗਤਾਂ ਦੀ ਭਲਾਈ ਲਈ ਕਾਰਜ ਆਰੰਭਦੀਆਂ ਹਨ- ਸਿੰਘ ਸਾਹਿਬ**

ਫ਼ਾਜ਼ਿਲਕਾ, 3 ਜਨਵਰੀ (ਦਵਿੰਦਰ ਪਾਲ ਸਿੰਘ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਫ਼ਾਜ਼ਿਲਕਾ ਵਲੋਂ ਨਵੇਂ ਉਸਾਰੇ ਜਾ ਰਹੇ ਸ਼ਹੀਦ ਬਾਬਾ ਦੀਪ ਸਿੰਘ ਨਿਵਾਸ ਦਾ ਨੀਂਹ ਪੱਥਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਸੰਗਤਾਂ ਦੇ ਜੈਕਾਰਿਆਂ ਦੀ ਗੂੰਜ ਵਿਚ ਰੱਖਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਪੰਜ ਪਿਆਰਿਆਂ ਦੀ ਕਮੇਟੀ ਮੈਂਬਰ ਭਾਈ ਮੰਗਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ੍ਰੀ ਪਾਲ ਸਿੰਘ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਹਾਜ਼ਰ ਸਨ। ਇਸ ਤੋਂ ਪਹਿਲਾਂ ਹੋਏ ਧਾਰਮਿਕ ਸਮਾਗਮ ਵਿਚ ਭਾਈ ਮੰਗਲ ਸਿੰਘ, ਭਾਈ ਜਪਨੀਤ ਸਿੰਘ, ਭਾਈ ਹਰਸਿਮਰਨਜੀਤ ਸਿੰਘ ਦੇ ਜਥਿਆਂ ਨੇ ਗੁਰਬਾਣੀ ਦੀ ਅੰਮ੍ਰਿਤ ਵਰਖਾ ਕੀਤੀ। ਸ੍ਰੀ ਦਰਬਾਰ ਸਾਹਿਬ ਤੋਂ ਪੁੱਜੇ ਭਾਈ ਪਾਲ ਸਿੰਘ ਦੇ ਜਥੇ ਨੇ ਗੁਰਬਾਣੀ ਨਾਲ ਜੋੜਿਆ। ਇਸ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਕਥਾ ਕੀਰਤਨ ਦਾ ਪ੍ਰਵਾਹ ਚਲਾਉਂਦਿਆਂ ਗੁਰੂ ਵਾਲੇ ਬਣਨ ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਕਿਸੇ ਦਾ ਬੁਰਾ ਨਹੀਂ ਸੋਚ ਸਕਦੀ, ਪਰ ਕੁੱਝ ਅਖੌਤੀ ਤਾਕਤਾਂ ਸਿੱਖ ਕੌਮ ਦੇ ਖ਼ਿਲਾਫ਼ ਕੂੜ ਪ੍ਰਚਾਰ 'ਤੇ ਲੱਗੀਆਂ ਹਨ। ਉਨ੍ਹਾਂ ਪ੍ਰਬੰਧਕ ਕਮੇਟੀ ਵਲੋਂ ਉਸਾਰੇ ਜਾ ਰਹੇ ਭਾਈ ਦੀਪ ਸਿੰਘ ਨਿਵਾਸ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੋਗ ਕਮੇਟੀਆਂ ਹੀ ਸਹੀ ਅਗਵਾਈ ਕਰ ਸਕਦੀਆਂ ਹਨ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਦਵਿੰਦਰ ਪਾਲ ਸਿੰਘ ਨੇ ਪੁੱਜੇ ਸਿੰਘ ਸਾਹਿਬਾਨ, ਰਾਗੀ ਜਥਿਆਂ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਾਈ ਕੰਵਲਜੀਤ ਸਿੰਘ, ਡਾ. ਬਲਵੀਰ ਸਿੰਘ, ਅਮਰਜੀਤ ਸਿੰਘ ਸੰਧੂ, ਹਰਦਿਆਲ ਸਿੰਘ ਕਾਠਪਾਲ, ਗੁਰਕੀਰਤ ਸਿੰਘ ਚੁੱਘ, ਮਾ. ਹਰਮਿੰਦਰ ਸਿੰਘ ਦੁਰੇਜਾ, ਹਰਭਜਨ ਸਿੰਘ ਪਰੂਥੀ, ਮਨਜੀਤ ਸਿੰਘ ਬਾਂਗਾ, ਜਰਨੈਲ ਸਿੰਘ ਤਨੇਜਾ, ਅਮਰ ਸਿੰਘ ਕਾਠਪਾਲ, ਪਰਮਜੀਤ ਸਿੰਘ ਫਾਰਮਾਸਿਸਟ, ਪ੍ਰਿੰਸੀਪਲ ਨਰਿੰਦਰ ਸਿੰਘ, ਬ੍ਰਹਮ ਜੀਤ ਸਿੰਘ ਗਿਲਹੋਤਰਾ, ਸ਼ੈਰੀ ਦੁਰੇਜਾ, ਸੁਖਵਿੰਦਰ ਸਿੰਘ ਪਰਦੇਸੀ, ਜੋਗਿੰਦਰ ਸਿੰਘ ਨਾਮਧਾਰੀ, ਹਰਦੀਪ ਸਿੰਘ, ਅਮਰੀਕ ਸਿੰਘ, ਕੁਲਵਿੰਦਰ ਸਿੰਘ ਸੋਢੀ, ਸੁਖਵਿੰਦਰ ਸਿੰਘ ਰਾਜੂ, ਮਾ. ਸਰਵਜੀਤ ਸਿੰਘ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਰੰਜਮ ਕਾਮਰਾ, ਪ੍ਰਧਾਨ ਸ਼ਸ਼ੀ ਕਾਂਤ ਨੇ ਵੀ ਆਪਣੀ ਹਾਜ਼ਰੀ ਲਗਵਾਈ।



ਮੰਗ ਪੱਤਰ ਦਿੰਦੇ ਸਮੇਂ ਹਿੰਦੂ ਸੰਗਠਨਾਂ ਦੇ ਨੁਮਾਇੰਦੇ। ਤਸਵੀਰ : ਗੁਰਮੀਤ ਸਿੰਘ ਸੱਗੂ

# ਹਿੰਦੂ ਸੰਗਠਨਾਂ ਵਲੋਂ ਨਵਜੋਤ ਸਿੰਘ ਸਿੱਧੂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ

**ਪ੍ਰਸ਼ਾਸਨ ਨੂੰ ਰਾਸ਼ਟਰਪਤੀ ਦੇ ਨਾਂਅ ਦਿੱਤਾ ਮੰਗ ਪੱਤਰ**

ਕਰਨਾਲ, 3 ਜਨਵਰੀ (ਗੁਰਮੀਤ ਸਿੰਘ ਸੱਗੂ)-ਹਿੰਦੂ ਸੰਗਠਨਾਂ ਨੇ ਪੰਜਾਬ ਕਾਂਗਰਸ ਪ੍ਰਧਾਨ ਨਵਜੋਤ ਸਿੰਘ ਸਿੱਧੂ ਵਲੋਂ ਦਿੱਤੇ ਗਏ ਵਿਵਾਦਤ ਬਿਆਨ ਨੂੰ ਲੈ ਕੇ ਸੀ. ਐੱਮ. ਸਿਟੀ ਹਰਿਆਣਾ ਕਰਨਾਲ ਵਿਖੇ ਜਮ ਕੇ ਵਿਰੋਧ ਦਰਜ ਕਰਵਾਉਂਦੇ ਹੋਏ ਅਧਿਕਾਰੀਆਂ ਨੂੰ ਰਾਸ਼ਟਰਪਤੀ ਦੇ ਨਾਂਅ ਨਵਜੋਤ ਸਿੰਘ ਸਿੱਧੂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੇ ਜਾਣ ਦਾ ਮੰਗ ਪੱਤਰ ਦਿੱਤਾ। ਅੱਜ ਇਥੇ ਵਿਸ਼ਵ ਹਿੰਦੂ ਪ੍ਰੀਸ਼ਦ, ਧਰਮ ਜਾਗਰਨ ਤਾਲਮੇਲ, ਬਜਰੰਗ ਦਲ ਸਮੇਤ ਵੱਖ-ਵੱਖ ਹਿੰਦੂ ਧਾਰਮਿਕ ਤੇ ਸਮਾਜਿਕ ਸੰਗਠਨਾਂ ਦੀ ਅਗਵਾਈ ਹੇਠ ਨਵਜੋਤ ਸਿੰਘ ਸਿੱਧੂ ਖ਼ਿਲਾਫ਼ ਜਮ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਮਿੰਨੀ ਸਕੱਤਰੇਤ ਵਿਖੇ ਪਹੁੰਚੇ ਪ੍ਰਦਰਸ਼ਨਕਾਰੀਆਂ ਤੋ ਤਹਿਸੀਲਦਾਰ ਰਾਜਬਖਸ਼ ਵਲੋਂ ਮੰਗ ਪੱਤਰ ਲਿਆ ਗਿਆ ਜੋ ਰਾਸ਼ਟਰਪਤੀ ਦੇ ਨਾਂਅ 'ਤੇ ਦਿੱਤਾ ਗਿਆ ਜਿਸ 'ਚ ਸਿੱਧੂ ਖ਼ਿਲਾਫ਼ ਜਲਦ ਤੋਂ ਜਲਦ ਸਖ਼ਤ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਗਈ। ਹਿੰਦੂ ਸੰਗਠਨਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਿੱਧੂ ਖ਼ਿਲਾਫ਼ ਕਾਰਵਾਈ ਨਾ ਕੀਤੀ ਗਈ ਤਾਂ ਉਨ੍ਹਾਂ ਵਲੋਂ ਸਮੁੱਚੇ ਦੇਸ਼ ਅੰਦਰ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਵਿਰੋਧ ਪ੍ਰਦਰਸ਼ਨ ਕਰ ਰਹੇ ਆਗੂਆਂ ਨੇ ਮੰਗ ਕੀਤੀ ਕਿ ਨਵਜੋਤ ਸਿੰਘ ਸਿੱਧੂ ਹਿੰਦੂ ਲੋਕ ਦੇਵਤਾ ਗੁੱਗਾ ਜ਼ਾਹਰ ਪੀਰ ਜੀ ਬਾਰੇ ਕੀਤੀਆਂ ਗਈਆਂ ਇਤਰਾਜਯੋਗ ਗੱਲਾਂ ਲਈ ਆਪਣੇ ਸ਼ਬਦ ਵਾਪਸ ਲੈਂਦੇ ਹੋਏ ਮੁਆਫ਼ੀ ਮੰਗੇ ਨਹੀਂ ਤਾਂ ਸਾਰੇ ਸੰਗਠਨ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰਨਗੇ। ਇਸ ਮੌਕੇ ਦਲਪਤ ਸਿੰਘ ਕਾਦਿਆਨ, ਅਸ਼ੋਕ ਸ਼ਰਮਾ, ਰਾਜੇਸ਼ ਲਾਂਬਾ, ਸੁਰੇਸ਼ ਸ਼ਰਮਾ, ਰਮੇਸ਼ ਮਿੱਢਾ, ਰਾਜਨ ਅਰੋੜਾ, ਰਾਹੁਲ ਭਟਨਾਗਰ, ਪ੍ਰਿੰਸ ਕਪੂਰ, ਬਿੱਟੂ ਭਾਰਤੀ, ਭੀਸ਼ਮ ਰਾਣਾ, ਜਿਲੇ ਸਿੰਘ, ਰਾਮ ਕੁਮਾਰ, ਹਰੀਸ਼ ਭੁਟਾਨੀ, ਰਾਜੇਸ਼ ਕਥੂਰੀਆ, ਸੁਧੀਰ ਚੌਹਾਨ, ਕੈਲਾਸ਼ ਚੌਹਾਨ ਤੇ ਵਰਿੰਦਰ ਸਚਦੇਵਾ ਆਦਿ ਮੌਜੂਦ ਸਨ।

CMYK